**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ।**

**(ਕੋਆਰਡੀਨੇਸ਼ਨ ਸ਼ਾਖਾ)**

**ਵੱਲ**

**ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ/ਐ.ਸਿ), ਪੰਜਾਬ।**

**ਮੀਮੋ ਨੰ:** DPISE – CORDOCIRC/63/2020265523
**ਮਿਤੀ** 23/10/2020

**ਵਿਸ਼ਾ:-** **ਸਕੂਲ ਸਟਾਫ ਵੱਲੋਂ ਨਵੰਬਰ ਅਤੇ ਦਸੰਬਰ ਮਹੀਨੇ ਵਿੱਚ ਲਈਆਂ ਜਾਣ ਵਾਲੀਆਂ ਇਤਫਾਕੀਆ ਛੁੱਟੀਆਂ ਸਬੰਧੀ।**

**ਹਵਾਲਾ:-** **ਪੰਜਾਬ ਸਰਕਾਰ, ਸਿੱਖਿਆ ਵਿਭਾਗ ਦਾ ਪੱਤਰ ਨੰ:** AD (Co) /SSE/2019/ 10921037/ 2019387659 **ਮਿਤੀ 14.11.2019 ਅਤੇ** AD (Co) /SSE/2018/ 10921037 **ਮਿਤੀ 21.11.2018 ਦੇ ਹਵਾਲੇ ਵਿੱਚ।**

1.0 ਉਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਉਕਤ ਵਿਸ਼ੇ ਸਬੰਧੀ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਬਹੁਤ ਸਾਰੇ ਸਟਾਫ ਵੱਲੋਂ ਸਾਲ ਦੀਆਂ ਇਤਫਾਕੀਆ ਛੁੱਟੀਆਂ ਖਤਮ ਕਰਨ ਦੇ ਮੰਤਵ ਨਾਲ, ਸਾਲ ਦੇ ਅੰਤ ਵਿੱਚ ਭਾਵ ਨਵੰਬਰ ਅਤੇ ਦਸੰਬਰ ਮਹੀਨੇ ਵਿੱਚ ਅਕਸਰ ਜਿਆਦਾ ਛੁੱਟੀਆਂ ਲਈਆਂ ਜਾਂਦੀਆਂ ਹਨ। ਜਦਕਿ ਇਨ੍ਹਾਂ ਮਹੀਨਿਆਂ ਵਿੱਚ ਵਿਦਿਆਰਥੀਆਂ ਦੀ ਪੜ੍ਹਾਈ ਦਾ ਜ਼ੋਰ ਹੁੰਦਾ ਹੈ।

3.0 ਸਕੂਲ ਸਟਾਫ ਦੁਆਰਾ ਉਕਤ ਮਹੀਨਿਆਂ ਵਿੱਚ ਜ਼ਿਆਦਾ ਇਤਫਾਕੀਆ ਛੁੱਟੀਆਂ ਲੈਣ ਕਾਰਨ ਜਿੱਥੇ ਸਕੂਲ ਦਾ ਪ੍ਰਬੰਧ ਚਲਾਉਣ ਵਿੱਚ ਦਿਕਤ ਪੇਸ਼ ਆਉਂਦੀ ਹੈ,ਉੱਥੇ ਵਿਦਿਆਰਥੀਆਂ ਦੀ ਪੜ੍ਹਾਈ ਦਾ ਵੀ ਨੁਕਸਾਨ ਹੁੰਦਾ ਹੈ।

4.0 ਵਿਦਿਆਰਥੀਆਂ ਦੀ ਪੜ੍ਹਾਈ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਖਿਆ ਜਾਂਦਾ ਹੈ ਕਿ ਆਪ ਵੱਲੋਂ ਆਪਣੇ ਅਧੀਨ ਪੈਂਦੇ ਸਕੂਲਾਂ ਵਿੱਚ ਕੰਮ ਕਰਦੇ ਸਮੂਹ ਸਕੂਲ ਅਮਲੇ ਨੂੰ ਹਦਾਇਤ ਕੀਤੀ ਜਾਵੇ ਕਿ ਉਹ ਨਵੰਬਰ ਅਤੇ ਦਸੰਬਰ ਮਹੀਨੇ ਵਿੱਚ 2 ਤੋਂ ਵੱਧ ਇਤਫਾਕੀਆਂ ਛੁੱਟੀਆ (ਪ੍ਰਤੀ ਮਹੀਨਾ 2 ਇਤਫਾਕੀਆ ਛੁੱਟੀਆਂ) ਲੈਣ ਤੋਂ ਗੁਰੇਜ਼ ਕਰਨ।

5.0 ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

**ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ**

**ਪਿੱਠ ਅੰਕਣ ਨੰ:** ਉਕਤ/2020265524-29 ਮਿਤੀ 23/10/2020

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡਾਇਰੈਕਟਰ ਸਿੱਖਿਆ ਵਿਭਾਗ (ਐਸਿ), ਪੰਜਾਬ।
4. ਡਾਇਰੈਕਟਰ ਐਸ.ਸੀ.ਈ.ਆਰ.ਟੀ, ਪੰਜਾਬ।
5. ਸਮੂਹ ਸਕੂਲ ਮੁੱਖੀ, ਪੰਜਾਬ।
6. ਸਮੂਹ ਜਿਲ੍ਹਾ ਸਿੱਖਿਆ ਸੁਧਾਰ ਕਮੇਟੀਆਂ, ਪੰਜਾਬ

**ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ**